# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 09-05-2025**

ਭਾਰਤੀ ਹਥਿਆਰਬੰਦ ਬਲਾਂ ਨੇ, ਬੀਤੀ ਰਾਤ, ਉੱਤਰੀ ਅਤੇ ਪੱਛਮੀ ਸ਼ਹਿਰਾਂ ਨੂੰ ਡਰੋਨ ਅਤੇ ਹੋਰ ਹਥਿਆਰਾਂ ਨਾਲ ਨਿਸ਼ਾਨਾ ਬਣਾਉਣ ਦੀਆਂ ਪਾਕਿਸਤਾਨ ਦੀਆਂ ਸਾਰੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰ ਦਿੱਤਾ। ਪਾਕਿਸਤਾਨੀ ਫੌਜੀਆਂ ਨੇ ਜੰਮੂ-ਕਸ਼ਮੀਰ ਵਿੱਚ ਕੰਟਰੋਲ ਰੇਖਾ 'ਤੇ ਕਈ ਵਾਰ ਜੰਗਬੰਦੀ ਦੀ ਉਲੰਘਣਾ ਕੀਤੀ। ਭਾਰਤੀ ਫੌਜ ਨੇ ਜ਼ੋਰ ਦੇ ਕੇ ਕਿਹਾ ਕਿ ਉਹ, ਦੇਸ਼ ਦੀ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਦੀ ਰੱਖਿਆ ਲਈ ਵਚਨਬੱਧ ਏ। ਫੌਜ ਨੇ ਕਿਹਾ ਕਿ ਸਾਰੇ ਨਾਪਾਕ ਮਨਸੂਬਿਆਂ ਦਾ ਜਵਾਬ ਤਾਕਤ ਨਾਲ ਦਿੱਤਾ ਜਾਵੇਗਾ। ਹੈੱਡ-ਕੁਆਰਟਰ ਇੰਟੀਗ੍ਰੇਟਿਡ ਡਿਫੈਂਸ ਸਟਾਫ ਦੇ ਅਨੁਸਾਰ, ਪਾਕਿਸਤਾਨ ਨੇ ਜੰਮੂ, ਪਠਾਨਕੋਟ ਅਤੇ ਊਧਮਪੁਰ ਵਿੱਚ ਫੌਜੀ ਸਟੇਸ਼ਨਾਂ ਅਤੇ ਅੰਤਰ-ਰਾਸ਼ਟਰੀ ਸਰਹੱਦ ਦੇ ਨੇੜੇ ਦੇ ਸਥਾਨਾਂ ਨੂੰ ਵੀ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ। ਹਾਲਾਂਕਿ, ਭਾਰਤੀ

ਹਥਿਆਰਬੰਦ ਬਲਾਂ ਨੇ ਹਮਲੇ ਨੂੰ ਸਫਲਤਾਪੂਰਵਕ ਰੋਕ ਦਿੱਤਾ, ਅਤੇ ਕਿਸੇ ਵੀ ਜਾਨੀ ਨੁਕਸਾਨ ਦੀ ਸੂਚਨਾ ਨਹੀਂ ਏ। ਆਕਾਸ਼ਵਾਣੀ ਸਮਾਚਾਰ ਨਾਲ ਇੱਕ ਵਿਸ਼ੇਸ਼ ਇੰਟਰਵਿਊ ਵਿੱਚ, ਲੈਫਟੀਨੈਂਟ ਜਨਰਲ ਰਾਜੀਵ ਚੋਪੜਾ ਨੇ ਕਿਹਾ ਕਿ ਪਾਕਿਸਤਾਨ ਨੇ, ਭਾਰਤ ਵਿਰੁੱਧ ਗੁੰਮਰਾਹਕੁੰਨ ਪ੍ਰਚਾਰ ਮੁਹਿੰਮ ਸ਼ੁਰੂ ਕੀਤੀ ਏ । ਉਨ੍ਹਾਂ ਸਾਰੇ ਨਾਗਰਿਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਸਿਰਫ਼ ਅਧਿਕਾਰਤ ਜਾਣਕਾਰੀ 'ਤੇ ਹੀ ਭਰੋਸਾ ਕਰਨ ਦੀ ਅਪੀਲ ਕੀਤੀ। **BYTE- ਰਾਜੀਵ ਚੋਪੜਾ** ਓਧਰ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸਰਹੱਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਸੀਮਾ ਸੁਰੱਖਿਆ ਬਲ ਦੇ ਡਾਇਰੈਕਟਰ ਜਨਰਲ ਨਾਲ ਗੱਲ ਕੀਤੀ । ਉਨ੍ਹਾਂ ਨੇ ਹਵਾਈ ਅੱਡੇ ਦੀ ਸੁਰੱਖਿਆ ਸਬੰਧੀ ਕੇਂਦਰੀ ਉਦਯੋਗਿਕ ਸੁਰੱਖਿਆ ਬਲ ਦੇ ਡਾਇਰੈਕਟਰ ਜਨਰਲ ਨਾਲ ਵੀ ਚਰਚਾ ਕੀਤੀ।

---------------------------------------------------------------------

ਆਪਰੇਸ਼ਨ ਸੰਧੂਰ ਦੇ ਮੱਦੇਨਜ਼ਰ, ਪੰਜਾਬ ਵਿੱਚ ਹਾਈ ਅਲਰਟ ਏ ਅਤੇ ਸਾਰਿਆਂ ਨੂੰ ਸਰਕਾਰ ਵੱਲੋਂ ਦਿੱਤੇ ਜਾ ਰਹੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੇ ਨਿਰਦੇਸ਼ ਸਮੇਂ-ਸਮੇਂ ਤੇ ਡਿਪਟੀ ਕਮਿਸ਼ਨਰਾਂ ਵੱਲੋਂ ਦਿੱਤੇ ਜਾ

ਰਹੇ ਨੇ । ਬੀਤੀ ਰਾਤ ਬਠਿੰਡਾ, ਜਲੰਧਰ, ਅੰਮ੍ਰਿਤਸਰ, ਪਠਾਨਕੋਟ ਵਿੱਚ ਪਾਕਿਸਤਾਨ ਵੱਲੋਂ ਕੀਤੇ ਗਏ ਡਰੋਨ ਹਮਲਿਆਂ ਦਾ ਭਾਰਤੀ ਫੌਜ ਵੱਲੋਂ ਢੁਕਵਾਂ ਜਵਾਬ ਦਿੱਤਾ ਗਿਆ । ਕਿਸੇ ਵੀ ਥਾਂ ਤੋਂ, ਕੋਈ ਵੀ ਅਣਸੁਖਾਵੀਂ ਘਟਨਾ ਦੀ ਖਬਰ ਨਹੀਂ ਏ, ਸਭ ਥਾਂਵਾਂ ਸੁਰੱਖਿਤ ਨੇ । ਪੰਜਾਬ ਦੀ ਪਾਕਿਸਤਾਨ ਨਾਲ ਲੱਗਦੀ ਸਰਹੱਦ 'ਤੇ, ਬੀ.ਐਸ.ਐਫ ਵੱਲੋਂ ਪੂਰੀ ਤਰਾਂ ਨਾਲ ਚੌਕਸੀ ਰੱਖੀ ਜਾ ਰਹੀ ਏ । ਪੰਜਾਬ ਪੁਲਿਸ ਨੇ ਵੀ, ਸੂਬੇ ਵਿੱਚ ਸੁਰੱਖਿਆ ਦੇ ਪੁਖਤਾ ਬੰਦੋਬਸਤ ਕੀਤੇ ਹੋਏ ਨੇ, ਪੰਜਾਬ ਦੇ ਸਾਰੇ ਪ੍ਰਸ਼ਾਸਨਿਕ ਅਧਿਕਾਰੀਆਂ ਦੀਆਂ ਛੁੱਟੀਆਂ ਵੀ ਰੱਦ ਕਰ ਦਿੱਤੀਆਂ ਗਈਆਂ ਨੇ । ਸਾਰੇ ਵਿਦਿਅਕ ਸੰਸਥਾਨ ਵੀ, ਅਗਲੇ ਹੁਕਮਾਂ ਤੱਕ ਬੰਦ ਕਰ ਦਿੱਤੇ ਗਏ ਨੇ । ਪੰਜਾਬ ਸਰਕਾਰ ਨੇ ਹੰਗਾਮੀ ਸਥਿਤੀ ਵੇਲੇ ਹਰ ਤਰ੍ਹਾਂ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ, ਕੈਬਿਨਟ ਦੀ ਬੈਠਕ ਸੱਦੀ ਹੋਈ ਏ । ਆਮ ਲੋਕਾਂ ਨੂੰ ਇਹ ਹਦਾਇਤਾਂ ਜਾਰੀ ਕੀਤੀਆਂ ਗਈਆਂ ਨੇ, ਕਿ ਉਹ ਬਲੈਕ ਆਊਟ ਵੇਲੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਨ ਅਤੇ ਸੋਸ਼ਲ ਮੀਡੀਆ 'ਤੇ ਭਰਮ ਫੈਲਾਉਣ ਵਾਲੇ ਸੰਦੇਸ਼ਾਂ ਤੋਂ ਗੁਰੇਸ਼ ਕਰਨ। ਲੋਕਾਂ ਅਤੇ ਦੁਕਾਨਦਾਰਾਂ ਨੂੰ ਖਾਣ-ਪੀਣ ਦੀਆਂ ਹੋਰ ਜਰੂਰੀ ਵਸਤਾਂ ਦਾ

ਭੰਡਾਰ ਕਰਨ ਤੋਂ ਪਰਹੇਜ਼ ਕਰਨ ਦੇ ਨਿਰਦੇਸ਼ ਜਾਰੀ ਕਰ ਦਿੱਤੇ ਗਏ ਨੇ, ਇਨਾ ਹਿਦਾਇਤਾਂ ਨੂੰ ਨਾ ਮਨੇ ਜਾਨ ਦੀ ਸਥਿਤੀ ਵਿੱਚ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਕਿਸੇ ਵੀ ਹਗਾਮੀ ਸਥਿਤੀ ਨਾਲ ਨਜਿੱਠਣ ਲਈ, ਪੰਜਾਬ ਸਰਕਾਰ ਵੱਲੋਂ ਚੰਡੀਗੜ੍ਹ ਵਿਚ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਏ। ਜਿਸਦੇ ਫੋਨ ਨੰਬਰ ਨੇ **0172-27-41-803 ਤੇ 0172-27-49-901**,ਫੋਨ ਨੰਬਰ ਇਕ ਵਾਰ ਫੇਰ ਸੁਣ ਲਵੋ **0172-27-41-803 ਤੇ 0172-27-49-901** ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਇਨਾ ਨੰਬਰਾਂ ਉਤੇ ਸੰਪਰਕ ਕੀਤਾ ਜਾ ਸਕਦਾ ਏ।

--------------------------------------------------------------------

ਸਰਕਾਰ ਨੇ ਸਾਰੇ ਮੀਡੀਆ ਚੈਨਲਾਂ, ਡਿਜੀਟਲ ਪਲੇਟਫਾਰਮਾਂ ਅਤੇ ਵਿਅਕਤੀਆਂ ਨੂੰ ਰੱਖਿਆ ਕਾਰਵਾਈਆਂ ਅਤੇ ਸੁਰੱਖਿਆ ਬਲਾਂ ਦੀਆਂ ਗਤੀਵਿਧੀਆਂ ਦੀ ਲਾਈਵ ਕਵਰੇਜ ਜਾਂ REAL-TIME ਰਿਪੋਰਟਿੰਗ ਤੋਂ ਬਚਣ ਲਈ ਕਿਹਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰੱਖਿਆ ਮੰਤਰਾਲੇ ਨੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਪਹਿਲਾਂ ਦੇ ਸਰਕੂਲਰ ਦਾ ਹਵਾਲਾ ਦਿੰਦਿਆਂ ਕਿਹਾ ਕਿ, ਅਜਿਹੀ ਸੰਵੇਦਨਸ਼ੀਲ ਅਤੇ ਸਰੋਤ-

ਅਧਾਰਤ ਜਾਣਕਾਰੀ ਦਾ ਖੁਲਾਸਾ ਕਾਰਜਸ਼ੀਲ ਪ੍ਰਭਾਵਸ਼ੀਲਤਾ ਅਤੇ ਜਾਨਾਂ ਨੂੰ ਖਤਰੇ ਵਿੱਚ ਪਾ ਸਕਦਾ ਏ।

---------------------------------------------------------------------

ਭਾਰਤ ਦੇ ਸਖ਼ਤ ਜਵਾਬੀ ਹਮਲਿਆਂ ਤੋਂ ਬਾਅਦ, ਪਾਕਿਸਤਾਨ ਨੇ ਜਾਅਲੀ ਖ਼ਬਰਾਂ ਅਤੇ ਗਲਤ ਜਾਣਕਾਰੀ ਫੈਲਾਉਣ ਦਾ ਸਹਾਰਾ ਲਿਆ ਏ । ਜਨਤਾ ਨੂੰ ਗੁੰਮਰਾਹ ਕਰਨ ਲਈ, ਪਾਕਿਸਤਾਨ ਆਪਣੀ ਫੌਜ ਦੀ ਜਿੱਤ ਦੀਆਂ ਝੂਠੀਆਂ ਕਹਾਣੀਆਂ ਫੈਲਾਉਣ ਵਿੱਚ ਰੁੱਝਿਆ ਹੋਇਆ ਹੈ। ਇਹ ਪਾਕਿਸਤਾਨ ਦੇ ਅਣਉਚਿਤ ਵਿਵਹਾਰ ਨੂੰ ਦਰਸਾਉਂਦਾ ਹੈ।

---------------------------------------------------------------------

ਰਾਜਸਥਾਨ ਸਰਕਾਰ ਨੇ ਸੂਬੇ ਵਿੱਚ ਵੱਖ-ਵੱਖ ਥਾਵਾਂ 'ਤੇ ਪਾਕਿਸਤਾਨ ਵੱਲੋਂ ਕੀਤੇ ਗਏ ਹਮਲਿਆਂ ਦੀ ਕੋਸ਼ਿਸ਼ ਤੋਂ ਬਾਅਦ ਭਾਰਤ-ਪਾਕਿ ਸਰਹੱਦ 'ਤੇ ਤਣਾਅ ਦੇ ਵਿਚਕਾਰ ਕਈ ਉਪਾਅ ਸ਼ੁਰੂ ਕੀਤੇ ਨੇ । ਇਨ੍ਹਾਂ ਵਿੱਚ ਸਰਹੱਦੀ ਜ਼ਿਲ੍ਹਿਆਂ ਵਿੱਚ ਬਲੈਕਆਊਟ ਕਰਨਾ, ਸਰਕਾਰੀ ਕਰਮਚਾਰੀਆਂ ਦੀਆਂ ਛੁੱਟੀਆਂ ਰੱਦ ਕਰਨਾ ਅਤੇ ਸਕੂਲ ਬੰਦ ਕਰਨਾ ਸ਼ਾਮਲ ਏ ।

-----------------------------------------------------------------------

ਭਾਰਤੀ ਰੇਲਵੇ ਨੇ ਮੌਜੂਦਾ ਸਥਿਤੀ ਦੇ ਮੱਦੇਨਜ਼ਰ, ਜੰਮੂ ਅਤੇ ਊਧਮਪੁਰ ਤੋਂ ਨਵੀਂ ਦਿੱਲੀ ਲਈ ਵਿਸ਼ੇਸ਼ ਰੇਲ ਗੱਡੀਆਂ ਚਲਾਉਣ ਦੀ ਯੋਜਨਾ ਬਣਾਈ ਏ। ਇਸ ਵਿਸ਼ੇਸ਼ ਰੇਲਗੱਡੀ ਨੰਬਰ-04612 ਵਿੱਚ 12 ਅਣ-ਰਾਖਵੇਂ ਅਤੇ 12 ਰਾਖਵੇਂ ਕੋਚ ਹੋਣਗੇ। ਇਹ ਰੇਲ ਗੱਡੀ ਜੰਮੂ ਤੋਂ ਸਵੇਰੇ 10 ਵੱਜਕੇ 45 ਮਿੰਟ ਰਵਾਨਾ ਹੋਵੇਗੀ । 20 ਡੱਬਿਆਂ ਵਾਲੀ ਇੱਕ ਹੋਰ ਵੰਦੇ ਭਾਰਤ ਰੇਲਗੱਡੀ ਊਧਮਪੁਰ ਤੋਂ ਦੁਪਹਿਰ 12 ਵੱਜਕੇ 45 ਮਿੰਟ 'ਤੇ ਜੰਮੂ ਅਤੇ ਪਠਾਨਕੋਟ ਹੁੰਦੀ ਹੋਈ ਰਵਾਨਾ ਹੋਵੇਗੀ । ਜੰਮੂ ਤੋਂ ਇੱਕ ਹੋਰ ਰਾਖਵੀਂ ਵਿਸ਼ੇਸ਼ ਰੇਲ ਗੱਡੀ, ਸ਼ਾਮ 7 ਵਜੇ ਤੋਂ ਚਲਾਉਣ ਦੀ ਯੋਜਨਾ ਬਣਾਈ ਗਈ ਏ।